ਪੰਜਾਬ ਸਰਕਾਰ
ਸਿੱਖਿਆ ਵਿਭਾਗ
ਸਿੱਖਿਆ-6 ਸ਼ਾਖਾ

(ਵੈਬਸਾਈਟ ਰਾਹੀਂ)

ਵੱਲ:

ਰਾਜ ਦੇ ਸਮੂਹ ਸਕੂਲ ਮੁਖੀ।

ਮੀਮੋ ਨੰ:1/9-2017(AD)ਏ SSE
ਮਿਤੀ: 01.12.17

ਵਿਸ਼ਾ:- ਸਕੂਲਾਂ ਦੀ ਚਾਰ-ਦੀਵਾਰੀ 'ਤੇ ਇਸ਼ਤਿਹਾਰ/ਵਿਗਿਆਪਨ ਆਦਿ ਨਾ ਲਗਾਉਣ ਸਬੰਧੀ।

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਵੇਂ ਕਿ ਅਸੀਂ ਸਭ ਜਾਣਦੇ ਹਾਂ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਲਈ ਵਿਭਾਗ ਵੱਲੋਂ ਹਰ ਸੰਭਵ ਯਤਨ ਕੀਤੇ ਜਾਂਦੇ ਹਨ। ਜਿਸ ਵਿੱਚ ਇਨਫਰਾਸਟਰੱਕਚਰ ਅਹਿਮ ਭੂਮਿਕਾ ਨਿਭਾਉਂਦਾ ਹੈ। ਜੇਕਰ ਸਕੂਲ ਦੀਆਂ ਦੀਵਾਰਾਂ, ਕਲਾਸ਼ਰੂਮਜ਼, ਬਰਾਮਦੇ ਆਦਿ ਵਿੱਚ ਸਿੱਖਿਆ ਨਾਲ ਸਬੰਧਤ ਚਾਰਟ, ਮੈਪ ਅਤੇ ਪਾਠਕ੍ਰਮ ਨਾਲ ਸਬੰਧਤ ਚਿੱਤਰ ਆਦਿ ਉਲੀਕੇ ਹੋਣ ਤਾਂ ਇਹ ਜਿੱਥੇ ਸਕੂਲ ਦੀ ਦਿਖ ਨੂੰ ਸੁੰਦਰ ਬਣਾਉਣ ਵਿੱਚ ਮਦਦਗਾਰ ਹੁੰਦੇ ਹਨ, ਉੱਥੇ ਵਿਦਿਆਰਥੀਆਂ ਦੇ ਸਿੱਖਣ-ਸਿਖਾਉਣ ਦੀ ਕਲਾ ਵਿੱਚ ਵੀ ਵਾਧਾ ਕਰਦੇ ਹਨ।

3.0 ਪ੍ਰੰਤੂ ਇਹ ਆਮ ਵੇਖਣ ਵਿੱਚ ਆਇਆ ਹੈ ਕਿ ਸਕੂਲਾਂ ਦੀ ਚਾਰਦੀਵਾਰੀ 'ਤੇ ਵਿਗਿਆਪਨ ਏਜੰਸੀਆਂ ਵੱਲੋਂ ਤਰ੍ਹਾਂ-ਤਰ੍ਹਾਂ ਦੇ ਵਿਗਿਆਪਨ ਲਿਖ ਦਿੱਤੇ ਜਾਂਦੇ ਹਨ ਅਤੇ ਕਈ ਇਸ ਕਿਸਮ ਦੇ ਪੋਸਟਰ ਵੀ ਚਿਪਕਾ ਦਿੱਤੇ ਜਾਂਦੇ ਹਨ, ਜਿਸ ਨਾਲ ਜਿੱਥੇ ਸਕੂਲ ਦੀ ਦਿਖ ਪ੍ਰਭਾਵਿਤ ਹੁੰਦੀ ਹੈ, ਉੱਥੇ ਵਿਦਿਆਰਥੀਆਂ ਦੇ ਮਨੋ-ਵਿਕਾਸ 'ਤੇ ਵੀ ਇਸ ਦਾ ਮਾੜਾ ਅਸਰ ਪੈਂਦਾ ਹੈ।

4.0 ਉਕਤ ਦੇ ਮੱਦੇਨਜ਼ਰ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲ ਮੁਖੀ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਸਕੂਲ ਦੀ ਚਾਰ-ਦੀਵਾਰੀ 'ਤੇ ਅਜਿਹੇ ਇਸ਼ਤਿਹਾਰ/ਵਿਗਿਆਪਨ ਨਾ ਲੱਗੇ ਹੋਣ ਅਤੇ ਚਾਰ-ਦੀਵਾਰੀ 'ਤੇ ਪਾਠਕ੍ਰਮ ਨਾਲ ਸਬੰਧਤ ਚਿੱਤਰ ਅਤੇ Motto ਆਦਿ ਉਲੀਕੇ ਜਾਣ ਤਾਂ ਜੋ ਸਕੂਲ ਦੀ ਸਿੱਖਿਆਤਮਕ ਦਿੱਖ ਪ੍ਰਭਾਵਸ਼ਾਲੀ ਬਣੀ ਰਹੇ।

5.0 ਉਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ: ੪.12-੧੭

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ,ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.),ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ.,ਪੰਜਾਬ।
5. ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿ.,ਐ.ਸਿ.),ਪੰਜਾਬ।
7. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ,ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ